# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 30 ਸਤੰਬਰ 2026 ਦਿਨ ਬੁੱਧਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਲੁਧਿਆਣਾ ਵਿਖੇ ਜਨਗਣਨਾ 2027 ਦੇ ਫੀਲਡ ਟ੍ਰੇਨਰਾਂ ਦੀ ਤਿੰਨ-ਰੋਜ਼ਾ ਸਿਖਲਾਈ ਸਮਾਪਤ

ਲੁਧਿਆਣਾ, 30 ਸਤੰਬਰ : ਜਨਗਣਨਾ 2027 – ਪੜਾਅ-2 (ਆਬਾਦੀ ਗਿਣਤੀ) ਦੇ ਫੀਲਡ ਟ੍ਰੇਨਰਾਂ ਲਈ ਤਿੰਨ-ਰੋਜ਼ਾ ਸਿਖਲਾਈ ਪ੍ਰੋਗਰਾਮ ਅੱਜ ਲੁਧਿਆਣਾ ਵਿਖੇ ਆਖਰੀ ਦੋ ਬੈਚਾਂ ਦੀ ਸਫਲ ਸਮਾਪਤੀ ਨਾਲ ਸੰਪੰਨ ਹੋਇਆ।




21 ਸਤੰਬਰ ਤੋਂ 30 ਸਤੰਬਰ, 2026 ਤੱਕ ਚੱਲੇ ਇਸ ਪ੍ਰੋਗਰਾਮ ਦੌਰਾਨ ਕੁੱਲ 134 ਫੀਲਡ ਟ੍ਰੇਨਰਾਂ ਨੂੰ ਚਾਰ ਬੈਚਾਂ ਵਿੱਚ ਸਿਖਲਾਈ ਦਿੱਤੀ ਗਈ। ਸਿਖਲਾਈ ਪ੍ਰਾਪਤ ਫੀਲਡ ਟ੍ਰੇਨਰ ਹੁਣ 5 ਅਕਤੂਬਰ ਤੋਂ 10 ਨਵੰਬਰ, 2026 ਤੱਕ ਜ਼ਿਲ੍ਹੇ ਦੇ ਵੱਖ-ਵੱਖ 'ਚਾਰਜਾਂ' (charges) ਵਿੱਚ ਗਿਣਤੀਕਾਰਾਂ (Enumerators) ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦੇਣਗੇ ਅਤੇ ਉਨ੍ਹਾਂ ਨੂੰ ਆਗਾਮੀ ਆਬਾਦੀ ਗਿਣਤੀ ਪ੍ਰਕਿਰਿਆ ਲਈ ਤਿਆਰ ਕਰਨਗੇ।




ਪ੍ਰੋਗਰਾਮ ਦੇ ਪਹਿਲੇ ਦੋ ਦਿਨਾਂ ਦੌਰਾਨ, ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਪੰਜਾਬ (ਚੰਡੀਗੜ੍ਹ) ਦੀ ਡਿਪਟੀ ਡਾਇਰੈਕਟਰ ਸ਼੍ਰੀਮਤੀ ਰੁਚੀ ਗੁਪਤਾ ਨੇ ਸਿਖਲਾਈ ਪ੍ਰੋਗਰਾਮ ਦਾ ਦੌਰਾ ਕੀਤਾ, ਫੀਲਡ ਟ੍ਰੇਨਰਾਂ ਨਾਲ ਗੱਲਬਾਤ ਕੀਤੀ ਅਤੇ ਜਨਗਣਨਾ 2027 – ਪੜਾਅ-2 (ਆਬਾਦੀ ਗਿਣਤੀ) ਬਾਰੇ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਦਿੱਤੇ। ਸਿਖਲਾਈ ਪ੍ਰੋਗਰਾਮ ਦੇ ਹਿੱਸੇ ਵਜੋਂ ਫੀਲਡ ਟ੍ਰੇਨਰਾਂ ਨੂੰ ਜਨਗਣਨਾ ਕਿੱਟਾਂ ਵੀ ਵੰਡੀਆਂ ਗਈਆਂ।

ਇਹ ਸਿਖਲਾਈ ਜ਼ਿਲ੍ਹਾ ਕੋਆਰਡੀਨੇਟਰ (ਲੁਧਿਆਣਾ) ਸ਼੍ਰੀ ਆਲੋਕ ਕੁਮਾਰ ਅਤੇ ਜ਼ਿਲ੍ਹਾ ਮਾਸਟਰ ਟ੍ਰੇਨਰਾਂ - ਸ਼੍ਰੀਮਤੀ ਉਪਮਾ ਕੌਲ, ਸ਼੍ਰੀ ਅੰਕੁਸ਼ ਸ਼ਰਮਾ ਅਤੇ ਸ਼੍ਰੀ ਹਰਮੀਤ ਸਿੰਘ - ਦੁਆਰਾ ਦਿੱਤੀ ਗਈ।

ਵਿਹਾਰਕ ਸਿੱਖਿਆ ਅਤੇ ਫੀਲਡ-ਪੱਧਰ ਦੀ ਤਿਆਰੀ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਫੀਲਡ ਟ੍ਰੇਨਰਾਂ ਨੇ ਰੋਲ-ਪਲੇਅ ਸੈਸ਼ਨਾਂ ਅਤੇ ਫੀਲਡ ਦੌਰਿਆਂ ਵਿੱਚ ਹਿੱਸਾ ਲਿਆ, ਜਿਸ ਵਿੱਚ ਜਨਗਣਨਾ ਮੋਬਾਈਲ ਐਪਲੀਕੇਸ਼ਨ ਦੀ ਵਰਤੋਂ ਕਰਕੇ ਆਬਾਦੀ ਗਿਣਤੀ ਪ੍ਰਕਿਰਿਆ ਦੀ ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਰਿਹਰਸਲ ਵੀ ਸ਼ਾਮਲ ਸੀ। ਇਸ ਅਭਿਆਸ ਨੇ ਐਪ-ਅਧਾਰਿਤ ਡਾਟਾ ਇਕੱਤਰ ਕਰਨ, ਡਾਟਾ ਐਂਟਰੀ, ਸਿੰਕ੍ਰੋਨਾਈਜ਼ੇਸ਼ਨ ਅਤੇ ਫੀਲਡ-ਪੱਧਰ ਦੀਆਂ ਸਥਿਤੀਆਂ ਨੂੰ ਸੰਭਾਲਣ ਦਾ ਵਿਹਾਰਕ ਤਜਰਬਾ ਪ੍ਰਦਾਨ ਕੀਤਾ।

ਸਿਖਲਾਈ ਵਿੱਚ ਗਿਣਤੀ ਬਲਾਕ (EB) ਦੇ ਗਠਨ, ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ, ਆਬਾਦੀ ਗਿਣਤੀ ਪ੍ਰਸ਼ਨਾਵਲੀ, ਜਨਗਣਨਾ ਮੋਬਾਈਲ ਐਪਲੀਕੇਸ਼ਨ ਦੀ ਵਰਤੋਂ ਅਤੇ ਫੀਲਡ-ਪੱਧਰ 'ਤੇ ਸਮੱਸਿਆ-ਨਿਵਾਰਣ ਵਰਗੇ ਵਿਸ਼ੇ ਸ਼ਾਮਲ ਸਨ।

ਨਿਰਧਾਰਤ ਵੈੱਬ ਪੋਰਟਲ ਰਾਹੀਂ 16 ਨਵੰਬਰ ਤੋਂ 30 ਨਵੰਬਰ, 2026 ਤੱਕ 'ਸਵੈ-ਗਿਣਤੀ' (Self ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਜਨਸੰਖਿਆ ਗਿਣਤੀ (Population Enumeration) ਦਾ ਕੰਮ ਕੀਤਾ ਜਾਵੇਗਾ, ਜਿਸ ਦੌਰਾਨ ਗਿਣਤੀਕਾਰ (Enumerators) ਘਰ-ਘਰ ਜਾ ਕੇ 'ਮਰਦਮਸ਼ੁਮਾਰੀ ਮੋਬਾਈਲ ਐਪਲੀਕੇਸ਼ਨ' ਰਾਹੀਂ ਜਾਣਕਾਰੀ ਇਕੱਠੀ ਕਰਨਗੇ।

ਸਿਖਲਾਈ ਪ੍ਰਾਪਤ 'ਫੀਲਡ ਟ੍ਰੇਨਰ' (Field Trainers), ਮਰਦਮਸ਼ੁਮਾਰੀ 2027 ਦੇ ਦੂਜੇ ਪੜਾਅ (ਜਨਸੰਖਿਆ ਗਿਣਤੀ) ਦੌਰਾਨ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਸਮਰੱਥਾ ਵਧਾਉਣ ਅਤੇ ਮੁਕੰਮਲ ਕਵਰੇਜ, ਸਹੀ ਗਿਣਤੀ, ਕਿਸੇ ਵੀ ਵਿਅਕਤੀ ਦੇ ਨਾ ਛੁੱਟਣ ਜਾਂ ਦੁਬਾਰਾ ਗਿਣਤੀ ਨਾ ਹੋਣ ਅਤੇ ਮਿਆਰੀ ਡਾਟਾ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

## ਪੰਜਾਬ ਖੇਡ ਯੂਨੀਵਰਸਿਟੀ ਨੇ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਸਮਾਜ ਨੂੰ ਦਿੱਤਾ ਨਿਵੇਕਲਾ ਸੁਨੇਹਾ- ਉਲੰਪੀਅਨ ਡਾ. ਰੂਪਾ ਸੈਣੀ

### ਬਜ਼ੁਰਗਾਂ ਦੀ ਤੰਦਰੁਸਤੀ ਲਈ 10 ਰੋਜ਼ਾ ਕੈਂਪ ਸਫਲਤਾਪੂਰਵਕ ਸੰਪੰਨ

### ਬਜ਼ੁਰਗ ਸਾਡਾ ਸਰਮਾਇਆ- ਪ੍ਰੋ. ਪੁਸ਼ਪਿੰਦਰ ਗਿੱਲ

ਪਟਿਆਲਾ, 30 ਸਤੰਬਰ :ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 21 ਸਤੰਬਰ ਤੋਂ 30 ਸਤੰਬਰ ਤੱਕ ਬਜ਼ੁਰਗਾਂ ਦੀ ਤੰਦਰੁਸਤੀ ਲਈ 10 ਰੋਜ਼ਾ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ। ਖੇਡ ਯੂਨੀਵਰਸਿਟੀ ਨੇ ਇਸ ਕੈਂਪ ਜ਼ਰੀਏ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਨਿਵੇਕਲਾ ਸੁਨੇਹਾ ਪੂਰੇ ਸਮਾਜ ਨੂੰ ਦਿੱਤਾ ਹੈ। ਇਸ ਕੈਂਪ ਦੇ ਵਿਦਾਇਗੀ ਸਮਾਰੋਹ ਵਿਚ ਹਾਕੀ ਉਲੰਪੀਅਨ ਡਾ. ਰੂਪਾ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਸੀਂ ਬਜ਼ੁਰਗਾਂ ਦੀ ਸਿਹਤ ਅਤੇ ਮਾਨਸਿਕ ਸਮੱਸਿਆਵਾਂ ਨੂੰ ਧਿਆਨ ਵਿਚ ਰੱਖਦਿਆ ਇਹ ਕੈਂਪ ਦਾ ਲਗਾਇਆ ਸੀ। ਅੱਜ ਦੇ ਸਮੇਂ ਬਜ਼ੁਰਗਾਂ ਨੂੰ ਸਭ ਤੋਂ ਵੱਧ ਅੱਖੋਂ-ਪਰੋਖੇ ਕੀਤਾ ਜਾਂਦਾ ਹੈ।



ਪਰਿਵਾਰਾਂ ਵਿਚ ਜਿਹੜੀ ਪੁੱਛ-ਪੜਤਾਲ ਬਜ਼ੁਰਗਾਂ ਦੀ ਹੋਣੀ ਚਾਹੀਦੀ ਹੈ, ਉਹ ਨਹੀਂ ਹੋ ਰਹੀ ਸਗੋਂ ਉਹਨਾਂ ਨੂੰ ਵਾਧੂ ਪਈ ਵਸਤੂ ਵਜੋਂ ਦੇਖਿਆ ਜਾ ਰਿਹਾ ਹੈ ਜਿਹੜੀ ਸਾਡੇ ਸਮਾਜ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ। ਉਹਨਾਂ ਦੇ ਸਾਰੀ ਉਮਰ ਦੇ ਤਜ਼ਰਬੇ, ਉਹਨਾਂ ਦਾ ਨਜ਼ਰੀਆ ਸਾਡੇ ਲਈ ਖਜ਼ਾਨੇ ਦਾ ਕੰਮ ਕਰ ਸਕਦਾ ਹੈ। ਜਿਹੜੀਆਂ ਗੱਲਾਂ ਅਸੀਂ ਉਹਨਾਂ ਦੀ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕਰਕੇ ਸਿੱਖ ਸਕਦੇ ਹਾਂ, ਉਹ ਕਿਸੇ ਕਿਤਾਬ ਵਿਚੋਂ ਨਹੀਂ ਸਿੱਖੇ ਜਾ ਸਕਦੇ।



ਇਸ ਮੌਕੇ ਡਾ. ਰੂਪਾ ਸੈਣੀ ਨੇ ਕਿਹਾ ਕਿ ਅਜੋਕੇ ਸਮੇਂ ਵਿਚ ਸਾਡਾ ਸਮਾਜ ਕੁਰਾਹੇ ਪਿਆ ਹੋਇਆ ਹੈ, ਇਸ ਵਿਚ ਬਜ਼ੁਰਗਾਂ ਦੀ ਬੇਕਦਰੀ ਤੇ ਨਿਰਾਦਰ ਆਮ ਵਰਤਾਰਾ ਹੈ, ਜਿਆਦਾਤਰ ਘਰਾਂ ਵਿਚ ਔਲਾਦ ਬੁਢਾਪੇ ਸਮੇਂ ਆਪਣੇ ਮਾਂ-ਬਾਪ ਤੋਂ ਕਿਨਾਰਾ ਕਰਨ ਲੱਗ ਪਈ ਹੈ। ਉਹਨਾਂ ਕਿਹਾ ਕਿ ਮੈਂ ਖੇਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਗਿੱਲ ਨੂੰ ਇਸ ਨੇਕ ਉਪਰਾਲੇ ਲਈ ਵਧਾਈ ਦਿੰਦੀ ਹਾਂ। ਉਹਨਾਂ ਦੀ ਦੂਰ ਅੰਦੇਸ਼ੀ ਸਦਕਾ ਇਕ ਚੰਗਾ ਸੁਨੇਹਾ ਸਮਾਜ ਵਿਚ ਜਾ ਸਕਿਆ ਹੈ ਅਤੇ ਬਜ਼ੁਰਗਾਂ ਦਾ ਆਸ਼ੀਰਵਾਦ ਵੀ ਇਸ ਯੂਨੀਵਰਸਿਟੀ ਨੂੰ ਮਿਲ ਸਕਿਆ ਹੈ। ਵਿਦਾਇਗੀ ਸਮਾਰੋਹ ਦੌਰਾਨ ਬਜ਼ੁਰਗ ਆਪਣੇ ਕੈਂਪ ਦੇ ਅਨੁਭਵ ਸਾਂਝੇ ਕਰਦਿਆ ਕਾਫੀ ਖੁਸ਼ ਅਤੇ ਉਤਸ਼ਾਹਿਤ ਨਜ਼ਰ ਆਏ। ਅੰਤ ਵਿਚ ਸਾਰੇ ਬਜ਼ੁਰਗਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਡਾ. ਗਿੱਲ ਨੇ ਦੱਸਿਆ ਕਿ ਇਸ ਕੈਂਪ ਵਿੱਚ 110 ਦੀ ਗਿਣਤੀ ਵਿੱਚ ਬਜ਼ੁਰਗ ਨੇ ਭਾਗ ਲਿਆ। 10 ਦਿਨਾਂ ਦੌਰਾਨ ਸਾਡੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਵੱਲੋਂ ਬਜ਼ੁਰਗਾਂ ਨੂੰ ਰੋਜ਼ਾਨਾ ਦੀਆਂ ਡਾਇਲਸਿਸ,ਬਲੱਡ ਪ੍ਰੈਸ਼ਰ, ਸ਼ੂਗਰ, ਕਿਸੇ ਵੀ ਤਰ੍ਹਾਂ ਦੀ ਸਰਜਰੀ ਆਦਿ ਵੱਖ-ਵੱਖ ਬਿਮਾਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੀ ਸੁਵਿਧਾ ਅਤੇ ਲੋੜ ਅਨੁਸਾਰ ਖਾਣ-ਪੀਣ ਦੀਆਂ ਆਦਤਾਂ ਨੂੰ ਨਿਰਧਾਰਤ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਬਜ਼ੁਰਗਾਂ ਦੇ ਮਾਨਸਿਕ ਤਣਾਅ ਅਤੇ ਇਕੱਲੇਪਣ ਨੂੰ ਘੱਟ ਕਰਨ ਲਈ ਕੌਂਸਲਰਾਂ ਦੀ ਟੀਮ ਨੇ ਲੋੜੀਂਦੀ ਕੌਂਸਲਿੰਗ ਕਰਕੇ ਖੇਡਾਂ ਦੀਆਂ ਰਚਨਾਤਮਕ ਕ੍ਰਿਆਵਾਂ ਵੀ ਕਰਵਾਈਆਂ।

## ਖੇਡ ਵਿਭਾਗ ਪਟਿਆਲਾ ਵੱਲੋਂ ਮਿਤੀ 30-9-26 ਨੂੰ ਚੌਥੇ ਦਿਨ ਦੀਆਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਗਈਆਂ

ਪਟਿਆਲਾ, 30 ਸਤੰਬਰ: ਜਿਲ੍ਹਾ ਪੱਧਰੀ ਖੇਡਾਂ ਦੇ ਚੌਥੇ ਦਿਨ ਐਥਲੈਟਿਕਸ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ, ਹੈਂਡਬਾਲ, ਗੱਤਕਾ, ਬੈਡਮਿੰਟਨ, ਲਾਅਨ ਟੈਨਿਸ, ਟੇਬਲ ਟੈਨਿਸ, ਤੈਰਾਕੀ, ਰੋਲਰ ਸਕੇਟਿੰਗ, ਵੇਟਲਿਫਟਿੰਗ, ਆਰਚਰੀ, ਕਿੱਕ ਬਾਕਸਿੰਗ ਅਤੇ ਟੈਨਿਸ ਬਾਲ ਕ੍ਰਿਕਟ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ।






ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਗੇਮ ਲਾਅਨ ਟੈਨਿਸ ਉਮਰ ਵਰਗ ਅੰਡਰ-14 ਲੜਕੀਆਂ ਵਿੱਚ ਹਰਮਨਪ੍ਰੀਤ ਕੌਰ ਨੇ ਅਰਵਾ ਹਸਨ ਨੂੰ, ਵਾਨੀ ਨੇ ਮੋਹਿਲਕਾ ਨੂੰ ਅਵਨੀਤ ਨੇ ਇਸ਼ਾਨੀ ਗਰਗ ਨੂੰ, ਸਿਫਤ ਨੇ ਜੈਨਸੀ ਅਤੇ ਗੁਨਤਾਜ ਨੇ ਅਵਨੂਰ ਕੌਰ ਨੂੰ ਹਰਾਇਆ। ਅੰਡਰ-17 ਲੜਕਿਆਂ ਵਿੱਚ ਅਕਸ਼ਵੀਰ ਨੇ ਯਸ਼ਰਾਜ ਨੂੰ, ਅਮਨਿੰਦਰ ਨੇ ਤੇਗਬੀਰ ਨੂੰ ਅਤੇ ਹਰਜਸ ਨੇ ਪ੍ਰਭਜੋਤ ਨੂੰ ਹਰਾਇਆ। ਟੇਬਲ ਟੈਨਿਸ ਅੰਡਰ-21 ਲੜਕਿਆਂ ਵਿੱਚ ਹਰਸ਼ਿਤ ਨੇ ਪਹਿਲਾ ਸਥਾਨ, ਪਰਬੀਰ ਨੇ ਦੂਸਰਾ ਸਥਾਨ, ਚਿਰਾਗ ਅਤੇ ਪ੍ਰਭਜੀ ਨੇ ਤੀਸਰਾ ਸਥਾਨ ਹਾਸਲ ਕੀਤਾ।

ਹੈਂਡਬਾਲ ਉਮਰ ਵਰਗ ਅੰਡਰ-14 ਲੜਕਿਆਂ ਵਿੱਚ ਭੁਨਰਹੇੜੀ ਦੀ ਟੀਮ ਨੇ ਸਨੌਰ ਨੂੰ 18-12 ਦੇ ਫਰਕ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਅੰਡਰ-17 ਲੜਕਿਆਂ ਵਿੱਚ ਵੀ ਭੁਨਰਹੇੜੀ ਦੀ ਟੀਮ ਨੇ ਸਨੌਰ ਦੀ ਟੀਮ ਨੂੰ 17-12 ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਉਮਰ ਵਰਗ 21-30 ਲੜਕਿਆਂ ਵਿੱਚ ਸਨੌਰ ਦੀ ਟੀਮ ਭੁਨਰਹੇੜੀ ਦੀ ਟੀਮ ਨੂੰ 18-15 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ।

ਐਥਲੈਟਿਕਸ ਗੇਮ ਉਮਰ ਵਰਗ 41-50 ਵੂਮੈਨ ਜੈਵਲਿਨ ਥਰੋਅ ਬਲਜੀਤ ਕੌਰ ਕਾਲੇਕਾ ਨੇ ਪਹਿਲਾ ਸਥਾਨ, ਸੰਜੋਲੀ ਨੇ ਦੂਸਰਾ ਸਥਾਨ ਅਤੇ ਇਮਾਨਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ। ਲੌਂਗ ਜੰਪ ਮੈਨ ਉਮਰ ਵਰਗ 70+ ਵਿੱਚ ਬੱਲ ਸਿੰਘ ਨੇ ਪਹਿਲਾ ਸਥਾਨ ਅਤੇ ਮੁਖਤਿਆਰ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ।

## ਪਿੰਡ ਢੀਮਾਂਵਾਲੀ ਵਿਖੇ ਬਾਬਾ ਫੱਕਰਦਾਸ ਮੇਲੇ ਮੌਕੇ ਸ਼ਾਨਦਾਰ ਕਬੱਡੀ ਟੂਰਨਾਮੈਂਟ ਕਰਵਾਇਆ

### ਵੱਖ-ਵੱਖ ਟੀਮਾਂ ਨੇ ਵਿਖਾਏ ਜੌਹਰ, ਦਰਸ਼ਕਾਂ ਦਾ ਮਨ ਮੋਹਿਆ

### ਪੇਂਡੂ ਖੇਡ ਮੇਲੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ : ਚੇਅਰਮੈਨ ਆਰੇਵਾਲਾ

ਟਿੰਕੂ ਕੁਮਾਰ

ਕੋਟਕਪੂਰਾ, 30 ਸਤੰਬਰ : ਨੇੜਲੇ ਪਿੰਡ ਢੀਮਾਂਵਾਲੀ ਵਿਖੇ ਸਾਲਾਨਾ ਬਾਬਾ ਫੱਕਰਦਾਸ ਜੀ ਦੇ ਮੇਲੇ ਦੇ ਸ਼ੁਭ ਅਵਸਰ ‘ਤੇ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਵੱਲੋਂ ਖੇਡ ਪ੍ਰੇਮੀਆਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਕਬੱਡੀ ਟੂਰਨਾਮੈਂਟ ਦਾ ਆਯੋਜਨ ਬੜੀ ਧੂਮ-ਧਾਮ ਨਾਲ ਕੀਤਾ ਗਿਆ। ਇਸ ਖੇਡ ਮੇਲੇ ਦੌਰਾਨ ਇਲਾਕੇ ਦੀਆਂ ਵੱਖ-ਵੱਖ ਪ੍ਰਮੁੱਖ ਟੀਮਾਂ ਦੇ ਖਿਡਾਰੀਆਂ ਨੇ ਭਾਗ ਲਿਆ ਅਤੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਮੈਦਾਨ ਵਿੱਚ ਡਟ ਕੇ ਮੁਕਾਬਲਾ ਕੀਤਾ। ਖਿਡਾਰੀਆਂ ਦੇ ਬਿਹਤਰੀਨ ਜੌਹਰਾਂ ਨੇ ਸਟੇਡੀਅਮ ‘ਚ ਮੌਜੂਦ ਵੱਡੀ ਗਿਣਤੀ ਦਰਸ਼ਕਾਂ ਦਾ ਮਨ ਮੋਹ ਲਿਆ। ਟੂਰਨਾਮੈਂਟ ਦੇ ਦੂਜੇ ਦਿਨ ਪਹੁੰਚੇ ਮੁੱਖ ਮਹਿਮਾਨ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕੀਟ ਕਮੇਟੀ ਕੋਟਕਪੂਰਾ ਨੇ ਮੈਦਾਨ ਵਿੱਚ ਜਾ ਕੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਨਾਲ ਹੱਥ ਮਿਲਾ ਕੇ ਜਾਣ-ਪਛਾਣ ਕਰਦਿਆਂ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਨੇ ਕਿਹਾ ਕਿ ਅਜਿਹੇ ਪੇਂਡੂ ਪੱਧਰ ‘ਤੇ ਕਰਵਾਏ ਜਾਂਦੇ ਖੇਡ ਮੇਲੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨ ਵਿੱਚ ਬਹੁਤ ਹੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਪੰਜਾਬ ਦੀਆਂ ਅਮੀਰ ਵਿਰਾਸਤੀ ਖੇਡਾਂ ਨੂੰ ਵੀ ਮੁੜ ਸੁਰਜੀਤ ਰੱਖਣ ‘ਚ ਮਦਦ ਮਿਲਦੀ ਹੈ। ਇਸ ਖੇਡ ਸਮਾਗਮ ਦੌਰਾਨ ਕਮੇਟੀ ਪ੍ਰਧਾਨ ਹਾਕਮ ਸਿੰਘ, ਡਾ. ਸੁਖਦੇਵ ਪਦਮ ਅਤੇ ਨਰੇਸ਼ ਸਿੰਗਲਾ ਚੇਅਰਮੈਨ ਟਰੇਡ ਵਿੰਗ ਤੋਂ ਇਲਾਵਾ ਹੋਰ ਪ੍ਰਮੁੱਖ ਪਤਵੰਤੇ, ਪਿੰਡ ਦੇ ਮੋਹਤਬਰ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਵੀ ਇਸ ਮੌਕੇ ਮੌਜੂਦ ਸਨ। ਟੂਰਨਾਮੈਂਟ ਦੇ ਅਖੀਰ ਵਿੱਚ ਆਯੋਜਕਾਂ ਵੱਲੋਂ ਆਏ ਹੋਏ ਮੁੱਖ ਮਹਿਮਾਨਾਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ (ਸਨਮਾਨ ਚਿੰਨ੍ਹ) ਦੇ ਕੇ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ ਗਿਆ। ਪੂਰੇ ਟੂਰਨਾਮੈਂਟ ਦੌਰਾਨ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਦਰਸ਼ਕਾਂ ਨੇ ਤਾਲੀਆਂ ਦੀ ਗੂੰਜ ਨਾਲ ਮੈਦਾਨ ਵਿੱਚ ਖਿਡਾਰੀਆਂ ਦਾ ਲਗਾਤਾਰ ਉਤਸ਼ਾਹ ਵਧਾਇਆ।



## ਫੂਡ ਸੇਫਟੀ ਟੀਮ ਨੇ ਮਸਾਲਿਆਂ ਦੇ 15 ਸਰਵੇਲੈਂਸ ਸੈਂਪਲ ਭਰੇ, 21 ਕਿਸਮਾਂ ਦੇ ਉਤਪਾਦ ਜ਼ਬਤ

### ਖਪਤਕਾਰਾਂ ਦੀ ਸਿਹਤ ਤੇ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ- ਡਾ. ਗੁਰਪ੍ਰੀਤ ਕੌਰ

ਪਟਿਆਲਾ, 30 ਸਤੰਬਰ :ਪਟਿਆਲਾ ਦੇ ਜ਼ਿਲ੍ਹਾ ਫੂਡ ਸੇਫਟੀ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਹੈ ਕਿ ਫੂਡ ਸੇਫਟੀ ਟੀਮ ਪਟਿਆਲਾ ਨੇ 29 ਸਤੰਬਰ 2026 ਨੂੰ ਵੱਖ-ਵੱਖ ਖਾਣ-ਪੀਣ ਵਾਲੀਆਂ ਵਸਤਾਂ ਦੀ ਜਾਂਚ ਲਈ ਕਈ ਥਾਵਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਮਸਾਲਿਆਂ ਦੇ 15 ਸਰਵੇਲੈਂਸ ਸੈਂਪਲ ਲਏ ਗਏ, ਜਿਨ੍ਹਾਂ ਨੂੰ ਜਾਂਚ ਲਈ ਭੇਜਿਆ ਜਾ ਗਿਆ ਹੈ।



ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇੱਕ ਹੋਰ ਕਾਰੋਬਾਰੀ ਸਥਾਨ ਦਾ ਆਨਲਾਈਨ ਨਿਰੀਖਣ ਵੀ ਕੀਤਾ ਗਿਆ, ਜਿਸ ਦੌਰਾਨ ਸੁਧਾਰ ਨੋਟਿਸ ਜਾਰੀ ਕੀਤਾ ਗਿਆ।

ਡਾ. ਗੁਰਪ੍ਰੀਤ ਕੌਰ ਨੇ ਅੱਗੇ ਦੱਸਿਆ ਕਿ ਇਸ ਉਪਰੰਤ ਟੀਮ ਵੱਲੋਂ ਇੱਕ ਕਾਰੋਬਾਰੀ ਸਥਾਨ ਦੀ ਜਾਂਚ ਕੀਤੀ ਗਈ, ਜਿੱਥੇ ਕੁਝ ਅਜਿਹੇ ਉਤਪਾਦ ਮਿਲੇ, ਜਿਨ੍ਹਾਂ ਉੱਤੇ ਮੈਸ. ਵੈਦ ਵਿੱਦਿਆ ਸਾਗਰ ਆਯੁਰਵੇਦਾ ਪ੍ਰਾਈ. ਲਿਮ. ਪਟਿਆਲਾ ਵੱਲੋਂ ਨਿਰਮਿਤ, ਪੈਕ ਅਤੇ ਮਾਰਕੀਟ ਕੀਤੇ ਜਾਣ ਦੀ ਜਾਣਕਾਰੀ ਦਰਜ ਸੀ। ਇਨ੍ਹਾਂ ਵਿੱਚੋਂ ਕੁਝ ਉਤਪਾਦਾਂ ਨੂੰ ‘ਡਾਇਟਰੀ ਸਪਲੀਮੈਂਟਸ’ ਵਜੋਂ ਲੇਬਲ ਕੀਤਾ ਗਿਆ ਸੀ ਅਤੇ ਉਨ੍ਹਾਂ ਉੱਤੇ ਫੂਡ ਸੇਫਟੀ ਲਾਇਸੈਂਸ ਨੰਬਰ ਵੀ ਦਰਜ ਸੀ।ਉਨ੍ਹਾਂ ਦੱਸਿਆ ਕਿ ਸਬੰਧਤ ਰਿਕਾਰਡਾਂ ਦੀ ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਦਰਜ ਕੀਤਾ ਗਿਆ ਲਾਇਸੈਂਸ ਇਨ੍ਹਾਂ ਉਤਪਾਦਾਂ ਦੇ ਨਿਰਮਾਣ ਅਤੇ ਪੈਕਿੰਗ ਲਈ ਜਾਰੀ ਨਹੀਂ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਟੀਮ ਵੱਲੋਂ ਉਕਤ ਫਰਮ ਵੱਲੋਂ ਨਿਰਮਿਤ, ਪੈਕ ਅਤੇ ਮਾਰਕੀਟ ਕੀਤੇ ਦਰਸਾਏ ਗਏ ਵੱਖ-ਵੱਖ 21 ਕਿਸਮਾਂ ਦੇ ਉਤਪਾਦ, ਜੋ ਵੱਖ-ਵੱਖ ਮਾਤਰਾਵਾਂ ਵਿੱਚ ਸਨ, ਜ਼ਬਤ ਕੀਤੇ ਗਏ ਹਨ।

ਜ਼ਿਲ੍ਹਾ ਫੂਡ ਸੇਫਟੀ ਅਫ਼ਸਰ ਨੇ ਸਪੱਸ਼ਟ ਕੀਤਾ ਕਿ ਖਪਤਕਾਰਾਂ ਦੀ ਸਿਹਤ ਅਤੇ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮਾਮਲੇ ਵਿੱਚ ਜ਼ਬਤ ਕੀਤੇ ਉਤਪਾਦਾਂ ਸਬੰਧੀ ਸਾਰੇ ਰਿਕਾਰਡ ਅਤੇ ਤੱਥਾਂ ਦੀ ਜਾਂਚ ਉਪਰੰਤ ਫੂਡ ਸੇਫਟੀ ਅਤੇ ਸਟੈਂਡਰਡਜ ਐਕਟ, 2006 ਅਤੇ ਇਸ ਤਹਿਤ ਬਣੇ ਨਿਯਮਾਂ ਤੇ ਨਿਯਮਾਵਲੀਆਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਨਿਯਮਾਂ ਦੀ ਉਲੰਘਣਾ ਪਾਏ ਜਾਣ ’ਤੇ ਜ਼ਿੰਮੇਵਾਰ ਧਿਰ ਵਿਰੁੱਧ ਕਾਨੂੰਨ ਮੁਤਾਬਕ ਬਣਦੀ ਕਾਰਵਾਈ ਕੀਤੀ ਜਾਵੇਗੀ।